# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :14-12-2025**

ਪੰਜਾਬ ਵਿਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਵੋਟਿੰਗ ਅਮਨ-ਅਮਾਨ ਨਾਲ ਜਾਰੀ ਏ। ਇਹ ਵੋਟਾਂ, ਬੈਲਟ ਪੇਪਰਾਂ ਰਾਹੀਂ ਪਾਈਆਂ ਜਾ ਰਹੀਆਂ ਨੇ ਅਤੇ ਸ਼ਾਮੀਂ 4 ਵਜੇ ਤੱਕ ਚੋਣਾਂ ਦਾ ਅਮਲ ਜਾਰੀ ਰਹੇਗਾ। ਆਜ਼ਾਦ ਉਮੀਦਵਾਰਾਂ ਸਮੇਤ 9,000 ਤੋਂ ਵੱਧ ਉਮੀਦਵਾਰ ਚੋਣ ਮੈਦਾਨ ਵਿਚ ਨੇ। ਇਨ੍ਹਾਂ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸ਼ਾਮਲ ਨੇ। ਇਕ ਕਰੋੜ 36 ਲੱਖ ਤੋਂ ਵੱਧ ਵੋਟਰਾਂ ਲਈ, 19 ਹਜ਼ਾਰ ਤੋਂ ਵੱਧ ਪੋਲਿੰਗ ਬੂਥ ਸਥਾਪਤ ਕੀਤੇ ਗਏ ਨੇ। ਆਜ਼ਾਦ ਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ, ਵਿਆਪਕ ਪ੍ਰਬੰਧ ਕੀਤੇ ਗਏ ਨੇ। ਜ਼ਿਲ੍ਹਿਆਂ ਵਿਚ ਆਈਏਐੱਸ ਅਤੇ ਸੀਨੀਅਰ ਪੀਸੀਐੱਸ ਅਧਿਕਾਰੀਆਂ ਨੂੰ ਚੋਣ ਨਿਗਰਾਨ ਵਜੋਂ ਅਤੇ 6 ਸੀਨੀਅਰ ਆਈਪੀਐੱਸ ਅਧਿਕਾਰੀਆਂ ਨੂੰ ਪੁਲਿਸ ਨਿਗਰਾਨ ਵਜੋਂ ਨਿਯੁਕਤ ਕੀਤਾ

ਗਿਆ ਏ। ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਕੀਤੀ ਜਾਣੀ ਏ।

---------------------------------------------------------------------

ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਮੋਹਾਲੀ ਦੇ ਖਰੜ ਵਿਚ ਦੁਪਹਿਰ 12 ਵਜੇ ਤੱਕ 22.9 ਫ਼ੀਸਦੀ, ਡੇਰਾਬੱਸੀ ਵਿਚ 24.4 ਫ਼ੀਸਦੀ, ਗੁਰਦਾਸਪੁਰ ਵਿਚ 22 ਫ਼ੀਸਦੀ, ਫ਼ਤਹਿਗੜ ਸਾਹਿਬ ਵਿਚ 20 ਫ਼ੀਸਦੀ ਪੋਲਿੰਗ ਦਰਜ ਕੀਤੀ ਗਈ। ਇਸ ਤੋਂ ਪਹਿਲਾਂ ਸਵੇਰ 10 ਵਜੇ ਤੱਕ ਅੰਮ੍ਰਿਤਸਰ ਵਿਚ 7.1 ਫ਼ੀਸਦੀ, ਪਟਿਆਲਾ ਵਿਚ 8.1 ਫ਼ੀਸਦੀ ਤੇ ਸ੍ਰੀ ਮੁਕਤਸਰ ਸਾਹਿਬ ਵਿਚ 10 ਫ਼ੀਸਦੀ ਪੋਲਿੰਗ ਦਰਜ ਕੀਤੀ ਗਈ ਸੀ। ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਚਾਹੀਆਂ ਵਿਚ ਫਰਜ਼ੀ ਵੋਟਾਂ ਪੈਣ ਦੀ ਸ਼ਿਕਾਇਤ ਮਿਲਣ ਕਾਰਨ ਚੋਣ ਕਮਿਸ਼ਨ ਦੇ ਅਧਿਕਾਰੀ ਦੁਰਗਾ ਦਾਸ ਮੌਕੇ ਉੱਤੇ ਪੁੱਜੇ ਅਤੇ ਉਨ੍ਹਾਂ ਨੇ ਪ੍ਰੀਜ਼ਾਈਡਿੰਗ ਅਫ਼ਸਰ ਰਜਨੀ ਪ੍ਰਕਾਸ਼ ਨੂੰ ਹਟਾ ਕੇ ਨਵੇਂ ਪ੍ਰੀਜ਼ਾਈਡਿੰਗ ਅਫ਼ਸਰ ਦੀ ਨਿਯੁਕਤੀ ਕੀਤੀ।

---------------------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਅਸ਼ਵਨੀ ਕੁਮਾਰ

ਮਿਸ਼ਰਾ ਦੀ ਅਗਵਾਈ ਹੇਠ ਸਾਰੇ ਸੂਬੇ ਭਰ ਰਾਸ਼ਟਰੀ ਲੋਕ ਅਦਾਲਤਾਂ ਲਗਾਈਆਂ ਗਈਆਂ। ਸੂਬੇ ਦੇ ਸਾਰੇ ਜ਼ਿਲ੍ਹਿਆਂ ਤੇ ਸਬ-ਡਵੀਜ਼ਨਾਂ ਵਿਚ ਕੁੱਲ 429 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿਚ 5 ਲੱਖ ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 4 ਲੱਖ 54 ਹਜਾਰ ਤੋਂ ਵੱਧ ਮਾਮਲਿਆਂ ਕੇਸਾਂ ਦਾ ਨਿਬੇੜਾ ਕੀਤਾ ਗਿਆ ਅਤੇ 665 ਕਰੋੜ ਰੁਪਏ ਦੇ ਅਵਾਰਡ ਪਾਸ ਕੀਤੇ ਗਏ।

--------------------------------------------------------------------

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ 287ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ 178 ਥਾਵਾਂ ’ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਵਿਚ 25 ਮਾਮਲੇ ਦਰਜ ਕਰ ਕੇ 27 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਕੋਲੋਂ ਵੱਡੀ ਮਿਕਦਾਰ ਵਿਚ ਹੈਰੋਇਨ, ਅਫੀਮ ਅਤੇ ਪਾਬੰਦੀਸ਼ੁਦਾ ਗੋਲੀਆਂ ਬਰਾਮਦ ਹੋਈਆਂ। ਕਾਰਵਾਈ ਦੌਰਾਨ ਪੁਲਿਸ ਟੀਮਾਂ ਨੇ 186 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਤੇ 15 ਵਿਅਕਤੀਆਂ ਨੂੰ ਨਸ਼ੇ ਛੁਡਾਉਣ ਅਤੇ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।

--------------------------------------------------------------------

ਮੋਗਾ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਦੱਸਿਆ ਏ ਕਿ ਜ਼ਿਲ੍ਹੇ ਵਿਚ ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਕੰਮ ਕਰ ਰਹੀਆਂ ਸਾਰੀਆਂ ਸਰਕਾਰੀ ਤੇ ਗ਼ੈਰ-ਸਰਕਾਰੀ ਸੰਸਥਾਵਾਂ ਦਾ ਜੁਵੇਨਾਈਲ ਜਸਟਿਸ ,ਬਾਲਾਂ ਦੀ ਦੇਖਭਾਲ ਤੇ ਸੁਰੱਖਿਆ ਕਾਨੂੰਨ-2015 ਤਹਿਤ ਰਜਿਸਟਰਡ ਹੋਣਾ ਲਾਜ਼ਮੀ ਏ। ਜੇ ਕੋਈ ਸੰਸਥਾ ਅਜਿਹਾ ਨਹੀਂ ਕਰਦੀ ਤਾਂ ਉਸ ਦੇ ਵਿਰੁੱਧ ਜੁਵੇਨਾਈਲ ਜਸਿਟਸ ਕਾਨੂੰਨ -2015 ਤਹਿਤ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹੇ ਵਿਚ ਲੋੜਵੰਦ ਬੱਚਿਆਂ ਦੀ ਸਾਂਭ-ਸੰਭਾਲ ਅਤੇ ਸੁਰੱਖਿਆ ਲਈ ਕੰਮ ਕਰ ਰਹੀ ਕੋਈ ਵੀ ਸੰਸਥਾ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਲਈ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ/ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਮੋਗਾ ਨਾਲ 16 ਦਸੰਬਰ, 2025 ਤੱਕ ਸੰਪਰਕ ਕਰ ਸਕਦੀ ਏ।

---------------------------------------------------------------------

ਸੀ. ਜੀ. ਸੀ. ਯੂਨੀਵਰਸਿਟੀ ਮੋਹਾਲੀ ਨੂੰ ਅਕਾਦਮਿਕ ਸਾਲ 2025–26 ਲਈ ਵੱਕਾਰੀ ਕਿਊ.ਐੱਸ.ਆਈ. - ਗਿਊਜ਼ ਇੰਸਟੀਚਿਊਟ ਆਫ਼ ਹੈਪੀਨੈੱਸ ਐਵਾਰਡ ਨਾਲ ਸਨਮਾਨਿਤ ਕੀਤਾ ਏ। ਸੀ. ਜੀ. ਸੀ. ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ ਰਛਪਾਲ ਸਿੰਘ

ਧਾਲੀਵਾਲ ਨੇ ਕਿਹਾ ਏ ਕਿ ਸੰਸਥਾ ਪਹਿਲਾਂ ਵਾਂਗ ਸਮਰਪਣ ਭਾਵਨਾ ਨਾਲ ਕੰਮ ਕਰਦੀ ਰਹੇਗੀ।